Roll No. ..................

Total No. of Questions : 9]

**002**

[Total No. of Printed Pages : 3

**SS**

**2087**

## ਸਲਾਨਾ ਪਰੀਖਿਆ ਪ੍ਰਨਾਲੀ

## GENERAL PUNJABI

**(Common for All Groups and Vocational Stream)**

**(Evening Session)**

Time allowed : Three hours

Maximum marks : 65

ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ **002** ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

(iii) ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(iv) ਸਾਰੇ ਪ੍ਰਸ਼ਨ ਜ਼ਰੂਰੀ ਹਨ ।

(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

1. ਵਸਤੂਨਿਸ਼ਠ ਪ੍ਰਸ਼ਨ :

ਸਾਰੇ ਪ੍ਰਸ਼ਨ ਜ਼ਰੂਰੀ ਹਨ । ਹਰੇਕ ਪ੍ਰਸ਼ਨ 1 ਅੰਕ ਦਾ ਹੈ ।

(ੳ) ਡਾ. ਜਗੀਰ ਸਿੰਘ ਨੂਰ ਦੀ ਕਿਹੜੀ ਰਚਨਾ 'ਲਾਜ਼ਮੀ ਪੰਜਾਬੀ' ਪੁਸਤਕ 'ਚ ਸ਼ਾਮਲ ਕੀਤੀ ਗਈ ਹੈ ?

(ਅ) 'ਪੰਜਾਬ ਦੇ ਰਸਮ-ਰਿਵਾਜ' ਪਾਠ ਦਾ ਲੇਖਕ ਕੌਣ ਹੈ ?

(ੲ) ਹੇਠ ਲਿਖਿਆ ਕਥਨ ਠੀਕ ਹੈ ਜਾਂ ਗ਼ਲਤ :

'ਪੰਜਾਬ ਵਿੱਚ ਨਵਾਂ ਸੰਮਤ ਪਹਿਲੀ ਜਨਵਰੀ ਤੋਂ ਸ਼ੁਰੂ ਹੁੰਦਾ ਹੈ ।'

(ਸ) ਮਨੁੱਖ ਦੇ ਸਰਬਪੱਖੀ ਵਿਕਾਸ ਦਾ ਸ੍ਰੋਤ ਕਿਹੜੀ ਚੀਜ਼ ਹੈ ?

(i) ਦਵਾਈਆਂ (ii) ਰੋਟੀ

(iii) ਖੇਡ (vi) ਹੱਸਣਾ-ਰੋਣਾ ।

(ਹ) ਪੰਜਾਬ ਵਿੱਚ ਧੀ ਦਾ ਨਾਂ ਰੱਖਣ ਵਾਸਤੇ ਕੋਈ ਖ਼ਾਸ ________ ਨਹੀਂ ਮਨਾਇਆ ਜਾਂਦਾ ।

(ਕ) ਬਾਗ਼ ਅਤੇ ਫੁਲਕਾਰੀ ਦੀ ਕਢਾਈ ਕਿਸ ਕੱਪੜੇ ਉੱਤੇ ਕੀਤੀ ਜਾਂਦੀ ਸੀ ?

(ਖ) ਵਿਆਹ ਇਕੱਠੇ ਮਿਲ ਕੇ ਬੈਠਣ ਦਾ ਇੱਕੋ-ਇੱਕ ਮੌਕਾ ਹੁੰਦਾ ਹੈ । (ਸਹੀ/ਗ਼ਲਤ)

(ਗ) 'ਵਗਦੇ ਪਾਣੀ' ਕਵਿਤਾ ਦੇ ਕਵੀ ਕੌਣ ਹਨ ?

(ਘ) ਹੇਠ ਲਿਖੀ ਅਖਾਉਤ ਵਿੱਚ ਸਹੀ ਸ਼ਬਦ ਭਰ ਕੇ ਅਖਾਉਤ ਪੂਰੀ ਕਰੋ :

ਪਾਣੀ ਵਿੱਚ ਸੋਟਾ ਮਾਰਿਆਂ ________ ।

(ਙ) ਹੇਠ ਲਿਖੀ ਅਖਾਉਤ ਵਿੱਚ ਸਹੀ ਸ਼ਬਦ ਭਰ ਕੇ ਅਖਾਉਤ ਪੂਰੀ ਕਰੋ :

________ ਬਹੁਤਾ ਹੀ ਜਾਪਦਾ ਹੈ । 10×1=10

2. ਕਿਸੇ ਪੰਜ ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਸੱਭਿਆਚਾਰ ਅਤੇ ਉਪ-ਸੱਭਿਆਚਾਰ ਵਿੱਚ ਕੀ ਅੰਤਰ ਹੈ ?

(ਅ) ਪੰਜਾਬ ਵਿੱਚ ਤਿੱਥਾਂ ਨਾਲ ਸੰਬੰਧਿਤ ਕਿਹੜੇ-ਕਿਹੜੇ ਤਿਉਹਾਰ ਮਨਾਏ ਜਾਂਦੇ ਹਨ ?

(ੲ) ਪੰਜਾਬ ਵਿੱਚ ਵਿਆਹ ਦੇ ਰਸਮ-ਰਿਵਾਜ ਕਿਹੜੇ-ਕਿਹੜੇ ਸਨ ? ਹੁਣ ਇਹਨਾਂ ਵਿੱਚ ਕੀ ਤਬਦੀਲੀ ਆ ਰਹੀ ਹੈ ?

(ਸ) ਪੁਰਾਤਨ ਸਮੇਂ ਵਿੱਚ ਪਿੰਡ ਵਾਸੀ ਆਪਣੇ ਪਿੰਡ ਦੇ ਲੋਕ-ਖਿਡਾਰੀਆਂ ਅਤੇ ਪਹਿਲਵਾਨਾਂ ਨੂੰ ਕਿਵੇਂ ਨਿਵਾਜਦੇ ਸਨ ?

(ਹ) ਬਾਗ਼ ਅਤੇ ਫੁਲਕਾਰੀ ਦੀ ਲੋਕ-ਕਲਾ ਤੋਂ ਇਲਾਵਾ ਲੋਕ-ਕਲਾ ਦੀਆਂ ਹੋਰ ਕਿਹੜੀਆਂ ਵੰਨਗੀਆਂ ਹਨ ?

(ਕ) ਪੰਜਾਬ ਦੇ ਲੋਕ-ਨਾਚਾਂ ਦੀ ਪਰੰਪਰਾ ਜਾਂ ਪ੍ਰਾਚੀਨਤਾ ਦਾ ਕਿਵੇਂ ਪਤਾ ਲੱਗਦਾ ਹੈ ?

(ਖ) ਨਕਲਾਂ ਖੇਡਣ ਲਈ ਕਿਹੋ-ਜਿਹੇ ਪਿੜਾਂ ਦੀ ਵਰਤੋਂ ਕੀਤੀ ਜਾਂਦੀ ਹੈ ?

(ਗ) ਪੰਜਾਬੀ ਸੱਭਿਆਚਾਰਿਕ ਪਰਿਵਰਤਨ ਕੀ ਹੈ ? ਸੰਖੇਪ ਵਿੱਚ ਲਿਖੋ । 5×4=20

3. ਤੁਹਾਡੇ ਕਸਬੇ ਵਿੱਚ ਦੋ ਪਹੀਆ ਵਾਹਨਾਂ ਦੀ ਮੰਗ ਦਿਨੋ-ਦਿਨ ਵਧ ਰਹੀ ਹੈ ਜਿਸ ਦੇ ਚਲਦਿਆਂ ਹੀਰੋ ਮੋਟਰਜ਼ ਦਿੱਲੀ ਤੋਂ ਏਜੰਸੀ ਲੈਣ ਲਈ ਆਪਣੀ ਯੋਗਤਾ ਤੇ ਸਮੱਰਥਾ ਦੱਸਦੇ ਹੋਏ ਪੱਤਰ ਲਿਖੋ ।

ਜਾਂ

ਤੁਸੀਂ ਆਪਣੇ ਕਸਬੇ ਵਿੱਚ ਆਟਾ-ਚੱਕੀ ਲਾਈ ਹੋਈ ਹੈ । ਇਲਾਕਾ ਨਿਵਾਸੀਆਂ ਨੂੰ ਇਸ ਬਾਰੇ ਖੁਲ੍ਹੀ ਚਿੱਠੀ ਰਾਹੀਂ ਜਾਣਕਾਰੀ ਦਿੰਦੇ ਹੋਏ ਕਣਕ, ਦਾਲ੍ਹਾਂ ਤੇ ਹੋਰ ਅਨਾਜ ਆਦਿ ਪਿਹਾਉਣ, ਰੇਟ ਤੇ ਹੋਰ ਵਿਸ਼ੇਸ਼ਤਾਵਾਂ ਦੱਸਦੇ ਹੋਏ ਅਪੀਲ ਕਰੋ ।

2+3+1=6

4. ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਕਰੋ ਅਤੇ ਢੁਕਵਾਂ ਸਿਰਲੇਖ ਵੀ ਲਿਖੋ :

ਪੰਜਾਬੀ ਜਨ-ਜੀਵਨ ਵੱਖ-ਵੱਖ ਰਸਮਾਂ-ਰਿਵਾਜਾਂ ਨਾਲ ਓਤ-ਪ੍ਰੋਤ ਹੈ । ਹਰੇਕ ਕਬੀਲੇ, ਜਾਤ ਅਤੇ ਧਰਮ ਦੇ ਲੋਕਾਂ ਦੇ ਆਪਣੇ-ਆਪਣੇ ਰਿਵਾਜ ਹਨ, ਜਿਹੜੇ ਥੋੜ੍ਹੇ-ਬਹੁਤੇ ਫ਼ਰਕ ਨਾਲ ਲਗ-ਪਗ ਹਰ ਥਾਂ 'ਤੇ ਨਿਭਾਏ ਜਾਂਦੇ ਰਹੇ ਹਨ । ਅੱਜ ਦੇ ਤਕਨਾਲੋਜੀ ਯੁੱਗ ਵਿੱਚ ਪਰਿਸਥਿਤੀਆਂ ਦੇ ਬਦਲਣ ਅਤੇ ਲੋਕਾਂ ਦੀ ਸੋਚ-ਦ੍ਰਿਸ਼ਟੀ ਵਿੱਚ ਪਰਿਵਰਤਨ ਆਉਣ ਨਾਲ ਭਾਵੇਂ ਇਹਨਾਂ ਸਾਰੀਆਂ ਰਸਮਾਂ-ਰਿਵਾਜਾਂ ਦੀ ਇੰਨ-ਬਿੰਨ ਪਾਲਣਾ ਨਹੀਂ ਕੀਤੀ ਜਾਂਦੀ, ਪਰੰਤੂ ਫਿਰ ਵੀ ਅਸੀਂ ਵੇਖਦੇ ਹਾਂ ਕਿ ਕਿਸੇ ਨਾ ਕਿਸੇ ਰੂਪ ਵਿੱਚ ਥੋੜ੍ਹੇ-ਬਹੁਤੇ ਫ਼ਰਕ ਨਾਲ ਇਹ ਰਸਮ-ਰਿਵਾਜ ਅੱਜ ਵੀ ਨਿਭਾਏ ਜਾ ਰਹੇ ਹਨ ਅਤੇ ਨਿਭਾਏ ਜਾਂਦੇ ਰਹਿਣਗੇ । ਲੋੜ ਹੈ, ਆਉਣ ਵਾਲ਼ੀਆਂ ਨਸਲਾਂ ਨੂੰ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾਉਣ ਦੀ ਅਤੇ ਇਹਨਾਂ ਦੇ ਵਿਗਿਆਨਿਕ ਮਹੱਤਵ ਨੂੰ ਦ੍ਰਿੜ੍ਹ ਕਰਵਾਉਣ ਦੀ । ਸਮੁੱਚੇ ਤੌਰ 'ਤੇ ਇਹ ਸਾਰੇ ਰਸਮ-ਰਿਵਾਜ ਮਨੁੱਖ ਨੂੰ ਮਨੁੱਖ ਨਾਲ, ਰਿਸ਼ਤੇਦਾਰ ਨਾਲ, ਅਤੇ ਭਾਈਚਾਰੇ ਨੂੰ ਭਾਈਚਾਰੇ ਨਾਲ ਜੋੜਦੇ ਹਨ ।

3+1=4

5. ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ ਇੱਕ ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| (i) | (ii) |
|---|---|
| ਵੇਦਾਂਤੀ | ਡੈਲੀਗੇਸ਼ਨ |
| ਬੰਦਗੀ | ਤਾਨਪੂਰਾ |
| ਗੁਣਵੰਤੀ | ਟਾਕਰਾ |
| ਕਵੀਸ਼ਰ | ਛਿਆਨਵੇਂ |
| ਕਾੜ੍ਹਨੀ | ਸ਼ੀਂਗਰ |
| ਵਾਪਰਨਾ | ਤੰਦਰੁਸਤ । |

3

6. ਹੇਠ ਲਿਖੇ ਵਾਕਾਂ ਵਿੱਚੋਂ ਕਿਸੇ ਤਿੰਨ ਵਾਕਾਂ ਦਾ ਬ੍ਰੈਕਟ ਵਿੱਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(ੳ) ਉਹ ਕਦੇ ਝੂਠ ਨਹੀਂ ਬੋਲਦਾ । (ਹਾਂ-ਵਾਚਕ-ਵਾਕ)

(ਅ) ਉਹ ਅਮੀਰ ਹੈ ਪਰ ਬਹੁਤ ਕੰਜੂਸ ਹੈ । (ਸਧਾਰਨ-ਵਾਕ)

(ੲ) ਉਹ ਨਸ਼ਿਆਂ ਵਿੱਚ ਪੈ ਕੇ ਕੰਗਾਲ ਹੋ ਗਿਆ । (ਸੰਜੁਗਤ-ਵਾਕ)

(ਸ) ਸਮਝਦਾਰ ਬੱਚੇ ਮਾਪਿਆਂ ਦਾ ਕਿਹਾ ਮੰਨਦੇ ਹਨ । (ਮਿਸ਼ਰਿਤ-ਵਾਕ)

(ਹ) ਮੈਂ ਰੋਟੀ ਖਾ ਰਹੀ ਹਾਂ । (ਕਰਮਣੀ-ਵਾਚ)

3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ ਚਾਰ ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਆਪੇ ਮੈਂ ਰੱਜੀ-ਪੁੱਜੀ ਆਪੇ ਮੇਰੇ ਬੱਚੇ ਜੀਣ

(ਅ) ਹੱਥ ਨੂੰ ਹੱਥ ਧੋਂਦਾ ਹੈ

(ਸ) ਕੋਹ ਨਾ ਚੱਲੀ ਬਾਬਾ ਤਿਹਾਈ

(ੲ) ਛੱਜ ਤਾਂ ਬੋਲੇ ਛਾਣਨੀ ਕਿਉਂ ਬੋਲੇ

(ਹ) ਜਾਂਦੇ ਚੋਰ ਦੀ ਲੰਗੋਟੀ ਹੀ ਸਹੀ

(ਕ) ਮੈਂ ਵੀ ਰਾਣੀ ਤੂੰ ਵੀ ਰਾਣੀ ਕੌਣ ਭਰੇਗਾ ਪਾਣੀ

(ਖ) ਅੰਨਾ ਵੰਡੇ ਰਿਓੜੀਆਂ ਮੁੜ-ਮੁੜ ਆਪਣਿਆਂ ਨੂੰ ।

4×2=8

8. ਕਿਸੇ ਇੱਕ ਕਵਿਤਾ ਦਾ ਕੇਂਦਰੀ ਭਾਵ ਲਿਖੋ :

(ੳ) ਪੁਰਾਣੇ ਪੰਜਾਬ ਨੂੰ ਅਵਾਜ਼ਾਂ (ਪ੍ਰੋ. ਪੂਰਨ ਸਿੰਘ)

(ਅ) ਚੁੰਮ-ਚੁੰਮ ਰੱਖੋ (ਨੰਦ ਲਾਲ ਨੂਰਪੁਰੀ)

(ੲ) ਦੋਸਤਾ (ਪਿਆਰਾ ਸਿੰਘ ਸਹਿਰਾਈ) ।

4

9. ਕਿਸੇ ਇੱਕ ਕਹਾਣੀ ਦਾ ਸਾਰ ਲਿਖੋ :

(ੳ) ਆਪਣਾ ਦੇਸ (ਸੰਤੋਖ ਸਿੰਘ ਧੀਰ)

(ਅ) ਸਤੀਆਂ ਸੇਈ (ਦਲੀਪ ਕੌਰ ਟਿਵਾਣਾ) ।

7